**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 16-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਇਕੇ ਦਰਮਿਆਨ ਨਵੀਂ ਦਿੱਲੀ ਵਿੱਚ ਦੁਵੱਲੀ ਗੱਲਬਾਤ ਤੋਂ ਬਾਅਦ ਸਮਝੌਤਿਆਂ ਦਾ ਆਦਾਨ-ਪ੍ਰਦਾਨ ਕੀਤਾ ਗਿਆ।
- ਦੇਸ਼ ਅੱਜ, 1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ, ਵਿਜੇ ਦਿਵਸ ਮੌਕੇ ਆਪਣੇ ਬਹਾਦਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ।
- ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਉੱਘੇ ਤਬਲਾ ਵਾਦਕ ਜ਼ਾਕਿਰ ਹੁਸੈਨ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਟਿਆਲਾ ਵਿਖੇ ਬਣੇ, ਆਪਣੀ ਕਿਸਮ ਦੇ ਪਹਿਲੇ ਬੁਟੀਕ ਹੋਟਲ ਨੂੰ ਲੋਕ ਅਰਪਿਤ ਕਰਨ ਦੀ ਦਿੱਤੀ ਪ੍ਰਵਾਨਗੀ।
- ਬਾਰਡਰ-ਗਾਵਸਕਰ ਟਰਾਫੀ ਦੇ ਤੀਜੇ ਦਿਨ ਦੀ ਖੇਡ ਖਤਮ ਹੋਣ ਤੱਕ, ਭਾਰਤ ਨੇ ਆਸਟ੍ਰੇਲੀਆ ਖਿਲਾਫ ਪਹਿਲੀ ਪਾਰੀ 'ਚ, ਚਾਰ ਵਿਕਟਾਂ 'ਤੇ 51 ਦੌੜਾਂ ਬਣਾਈਆਂ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਸ੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਇਕੇ ਨਾਲ ਦੁਵੱਲੀ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਇਸ ਗੱਲ 'ਤੇ ਖੁਸ਼ੀ ਜ਼ਾਹਰ ਕੀਤੀ, ਕਿ ਸ੍ਰੀ ਦਿਸਾਨਾਇਕੇ ਨੇ ਰਾਸ਼ਟਰਪਤੀ ਵਜੋਂ ਆਪਣੀ ਪਹਿਲੀ ਵਿਦੇਸ਼ ਯਾਤਰਾ ਲਈ, ਭਾਰਤ ਨੂੰ ਚੁਣਿਆ ਏ । ਉਨ੍ਹਾਂ ਕਿਹਾ ਕਿ ਇਹ ਦੌਰਾ, ਦੋਵਾਂ ਮੁਲਕਾਂ ਦਰਮਿਆਨ ਸਬੰਧਾਂ ਵਿੱਚ ਨਵੀਂ ਗਤੀ ਅਤੇ ਊਰਜਾ ਪੈਦਾ ਕਰ ਰਿਹਾ ਏ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਨੇ ਹੁਣ ਤੱਕ ਸ੍ਰੀਲੰਕਾ ਨੂੰ ਪੰਜ ਅਰਬ ਡਾਲਰ ਦੇ ਕਰਜ਼ੇ ਅਤੇ ਗ੍ਰਾਂਟ ਸਹਾਇਤਾ ਪ੍ਰਦਾਨ

ਕੀਤੀ ਏ। ਉਨ੍ਹਾਂ ਕਿਹਾ ਕਿ ਭਾਰਤ ਅਤੇ ਸ੍ਰੀਲੰਕਾ ਦਰਮਿਆਨ, ਲੋਕਾਂ ਤੋਂ ਲੋਕਾਂ ਦੇ ਸਬੰਧ ਸਭਿਅਤਾਵਾਂ ਨਾਲ ਜੁੜੇ ਹੋਏ ਨੇ। ਰਾਸ਼ਟਰਪਤੀ ਸ੍ਰੀ ਦਿਸਾਨਾਇਕ ਨੇ ਕਿਹਾ ਕਿ ਉਨ੍ਹਾਂ ਨੇ, ਭਾਰਤ ਦੇ ਪ੍ਰਧਾਨ ਮੰਤਰੀ ਨੂੰ ਭਰੋਸਾ ਦਿੱਤਾ ਏ  ਕਿ ਉਹ, ਸ੍ਰੀਲੰਕਾ ਨੂੰ ਕਿਸੇ ਵੀ ਤਰੀਕੇ ਨਾਲ, ਭਾਰਤ ਦੇ ਹਿੱਤਾਂ ਲਈ ਨੁਕਸਾਨਦੇਹ ਹੋਣ ਦੀ ਇਜਾਜ਼ਤ ਨਹੀਂ ਦੇਣਗੇ। ਉਨ੍ਹਾਂ ਕਿਹਾ ਕਿ ਭਾਰਤ ਨਾਲ ਸਹਿਯੋਗ ਜ਼ਰੂਰ ਵਧੇਗਾ। ਉਨ੍ਹਾਂ ਕਿਹਾ ਕਿ ਸ੍ਰੀਲੰਕਾ ਦਾ ਰਾਸ਼ਟਰਪਤੀ ਬਣਨ ਤੋਂ ਬਾਅਦ, ਇਹ ਉਨ੍ਹਾਂ ਦਾ ਪਹਿਲਾ ਵਿਦੇਸ਼ ਦੌਰਾ ਏ ਅਤੇ ਉਹ, ਇਸ ਗੱਲ ਤੋਂ ਬਹੁਤ ਖੁਸ਼ ਨੇ ਕਿ ਉਹ, ਆਪਣੀ ਪਹਿਲੀ ਰਾਜ ਯਾਤਰਾ 'ਤੇ ਦਿੱਲੀ ਆ ਸਕੇ। ਉਨ੍ਹਾਂ ਕਿਹਾ ਕਿ ਇਸ ਦੌਰੇ ਨੇ, ਦੋਵਾਂ ਮੁਲਕਾਂ ਦਰਮਿਆਨ ਸਹਿਯੋਗ ਨੂੰ ਹੋਰ ਵਿਕਸਤ ਕਰਨ ਦਾ ਰਾਹ ਪੱਧਰਾ ਕੀਤਾ ਏ। ਉਨ੍ਹਾਂ ਕਿਹਾ ਕਿ ਦੋ ਸਾਲ ਪਹਿਲਾਂ ਸ੍ਰੀਲੰਕਾ ਨੂੰ ਇੱਕ ਬੇਮਿਸਾਲ ਆਰਥਿਕ ਸੰਕਟ ਦਾ ਸਾਹਮਣਾ ਕਰਨਾ ਪਿਆ ਸੀ ਅਤੇ ਭਾਰਤ ਨੇ ਉਨ੍ਹਾਂ ਹਾਲਾਤ ਵਿੱਚੋਂ ਬਾਹਰ ਨਿਕਲਣ ਲਈ, ਇਸ ਦਾ ਭਰਪੂਰ ਸਮਰਥਨ ਕੀਤਾ ਸੀ। ਉਨ੍ਹਾਂ ਕਿਹਾ ਕਿ ਭਾਰਤ ਨੇ ਉਸ ਤੋਂ ਬਾਅਦ ਵੀ, ਖਾਸ ਕਰਕੇ ਕਰਜ਼ੇ ਦੇ ਪੁਨਰਗਠਨ ਦੀ

ਪ੍ਰਕਿਰਿਆ ਵਿੱਚ ਸ੍ਰੀਲੰਕਾ ਦੀ ਬਹੁਤ ਮਦਦ ਕੀਤੀ ਏ ।ਇਸ ਦੌਰਾਨ, ਭਾਰਤ ਅਤੇ ਸ੍ਰੀਲੰਕਾ ਨੇ ਦੋਹਰੇ ਟੈਕਸਾਂ ਤੋਂ ਬਚਣ ਅਤੇ ਵਿੱਤੀ ਚੋਰੀ ਦੀ ਰੋਕਥਾਮ ਲਈ ਇੱਕ ਸਮਝੌਤੇ ਅਤੇ ਸ੍ਰੀਲੰਕਾ ਦੇ ਸਿਵਲ ਕਰਮਚਾਰੀਆਂ ਦੀ ਸਿਖਲਾਈ ਅਤੇ ਸਮਰੱਥਾ ਨਿਰਮਾਣ 'ਤੇ ਵੀ ਸਮਝੌਤਿਆਂ ਦਾ ਆਦਾਨ-ਪ੍ਰਦਾਨ ਕੀਤਾ।

-----------------------------------------------------------

1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ,ਰਾਸ਼ਟਰ ਅੱਜ ਵਿਜੇ ਦਿਵਸ ਮਨਾ ਰਿਹਾ ਏ । ਜੰਗ ਦੌਰਾਨ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਜਾ ਰਹੀ ਏ। ਅੱਜ ਦੇ ਹੀ ਦਿਨ 1971 ਵਿੱਚ ਪਾਕਿਸਤਾਨੀ ਫ਼ੌਜਾਂ ਦੇ ਮੁਖੀ ਜਨਰਲ, ਏ.ਏ.ਖ਼ਾਨ ਨਿਆਜ਼ੀ ਨੇ, 93 ਹਜ਼ਾਰ ਫ਼ੌਜੀਆਂ ਸਮੇਤ ਭਾਰਤੀ ਫ਼ੌਜ ਅਤੇ ਮੁਕਤੀ ਬਾਹਨੀ ਸਮੇਤ ਸਹਿਯੋਗੀ ਫ਼ੌਜਾਂ ਅੱਗੇ, ਬਿਨਾਂ ਸ਼ਰਤ ਆਤਮ ਸਮਰਪਣ ਕਰ ਦਿੱਤਾ ਸੀ । ਵਿਜੇ ਦਿਵਸ ਦੇ ਮੌਕੇ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੱਖਿਆ ਮੰਤਰੀ

ਰਾਜਨਾਥ ਸਿੰਘ ਨੇ ਅੱਜ 1971 ਦੀ ਜੰਗ ਦੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਬਹਾਦਰ ਸੈਨਿਕਾਂ ਦੇ ਸਰਵਉੱਚ ਬਲੀਦਾਨ ਨੂੰ ਯਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੀਆਂ ਕਹਾਣੀਆਂ ਹਰ ਭਾਰਤੀ ਨੂੰ ਪ੍ਰੇਰਿਤ ਕਰਦੀਆਂ ਹਨ ਅਤੇ ਰਾਸ਼ਟਰੀ ਮਾਣ ਦਾ ਸਰੋਤ ਬਣੀਆਂ ਰਹਿੰਦੀਆਂ ਹਨ। **ਉਪ ਰਾਸ਼ਟਰਪਤੀ ਜਗਦੀਪ** ਧਨਖੜ ਨੇ ਜਵਾਨਾਂ ਦੀ ਬਹਾਦਰੀ ਅਤੇ ਨਿਰਸਵਾਰਥ ਕੁਰਬਾਨੀ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਦੇਸ਼, ਉਨ੍ਹਾਂ ਬਹਾਦਰ ਸੈਨਿਕਾਂ ਦੇ ਸਾਹਸ ਅਤੇ ਬਲੀਦਾਨ ਦਾ ਸਨਮਾਨ ਕਰਦਾ ਏ, ਜਿਨ੍ਹਾਂ ਅੱਜ ਦੇ ਦਿਨ 1971 'ਚ, ਭਾਰਤ ਦੀ ਇਤਿਹਾਸਕ ਜਿੱਤ 'ਚ ਯੋਗਦਾਨ ਪਾਇਆ ਸੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸੈਨਿਕਾਂ ਦੇ ਨਿਰਸਵਾਰਥ ਸਮਰਪਣ ਅਤੇ ਅਟੁੱਟ ਸੰਕਲਪ ਨੇ, ਰਾਸ਼ਟਰ ਦੀ ਰੱਖਿਆ ਕੀਤੀ ਅਤੇ ਇਸ ਨੂੰ ਮਾਣ ਦਿੱਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੈਨਿਕਾਂ ਦੀ ਕੁਰਬਾਨੀ, ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ

ਵੀ ਨਵੀਂ ਦਿੱਲੀ ਵਿੱਚ ਕੌਮੀ ਜੰਗੀ ਯਾਦਗਾਰ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਰੱਖਿਆ ਰਾਜ ਮੰਤਰੀ ਸੰਜੇ ਸੇਠ, ਰੱਖਿਆ ਮੁਖੀ ਲੈਫਟੀਨੈਂਟ ਜਨਰਲ ਅਨਿਲ ਚੌਹਾਨ, ਥਲ ਸੈਨਾ ਮੁਖੀ ਜਨਰਲ ਉਪੇਂਦਰ ਦਿਵੇਦੀ ਅਤੇ ਹਵਾਈ ਸੈਨਾ ਮੁਖੀ, ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ ਨੇ ਵੀ ਸ਼ਰਧਾ ਦੇ ਫੁੱਲ ਭੇਂਟ ਕਰਕੇ, ਬਹਾਦਰ ਜਵਾਨਾਂ ਨੂੰ ਨਮਨ ਕੀਤਾ।

---------------------------------------------------------

ਉਧਰ ਹੁਸ਼ਿਆਰਪੁਰ ਸਥਿਤ ਜੰਗੀ ਯਾਦਗਾਰ ਵਿਖੇ, ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਸੇਵਾਮੁਕਤ ਲੈਫਟੀਨੈਂਟ ਜਨਰਲ ਜੇ. ਐਸ. ਢਿੱਲੋਂ ਅਤੇ ਕੈਪਟਨ ਰਘਵੀਰ ਸਿੰਘ ਨੇ, ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਕੈਪਟਨ ਰਘਵੀਰ ਸਿੰਘ ਨੇ ਦੱਸਿਆ ਕਿ 3 ਦਸੰਬਰ ਨੂੰ ਸ਼ੁਰੂ ਹੋਈ ਇਹ ਜੰਗ 16 ਦਸੰਬਰ 1971 ਵਿਚ ਭਾਰਤ ਦੀ ਪਾਕਿਸਤਾਨ ਵਿਰੁਧ ਜਿੱਤ ਨਾਲ ਸਮਾਪਤ ਹੋਈ ਸੀ। ਭਾਰਤੀ ਫੌਜ ਨੇ 93 ਹਜ਼ਾਰ ਪਾਕਿਸਤਾਨੀ ਸੈਨਿਕਾਂ ਨੂੰ ਆਤਮ ਸਮਰਪਣ ਲਈ ਮਜਬੂਰ ਕਰ ਦਿਤਾ ਸੀ। ਇਤਹਾਸ ਵਿੱਚ ਇਹ ਇਕ ਪਹਿਲੀ ਘਟਨਾ ਏ, ਜਿਸ ਵਿਚ ਇੰਨੀ

ਵੱਡੀ ਗਿਣਤੀ ਵਿਚ ਕਿਸੇ ਦੇਸ਼ ਦੀ ਫੌਜ ਨੇ ਆਤਮ ਸਮਰਪਣ ਕੀਤਾ ਹੋਵੇ।

-----------------------------------------------------

ਓਧਰ ਫਾਜ਼ਿਲਕਾ ਵਿਚ ਇਸ ਮੌਕੇ, ਵਿਜੈ ਦਿਵਸ ਪਰੇਡ ਫਾਜ਼ਿਲਕਾ ਵਿਚ ਕੱਢੀ ਗਈ । ਇਸ ਵਿਜੈ ਦਿਵਸ ਪਰੇਡ ਦਾ ਆਯੋਜਨ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿਚ ਸ਼ਹੀਦਾਂ ਦੀ ਸਮਾਧੀ ਕਮੇਟੀ ਵੱਲੋਂ ਕੀਤਾ ਗਿਆ । ਕਮੇਟੀ ਦੇ ਜਨਰਲ ਸਕੱਤਰ ਪ੍ਰਫੁਲ ਚੰਦਰ ਨਾਗਪਾਲ ਨੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ, ਦੇਸ਼ ਦੇ ਮਹਾਨ ਸਪੁੱਤਰਾਂ ਨੂੰ ਨਮਨ ਕੀਤਾ । ਸਮਾਜ ਸੇਵੀ ਸ਼ਸ਼ੀ ਕਾਂਤ ਨੇ ਵਿਜੇ ਦਿਵਸ ਪ੍ਰੇਡ ਵਿੱਚ ਫੌਜ ਦੇ ਜਵਾਨਾਂ, ਸਕੂਲੀ ਬੱਚਿਆਂ ਅਤੇ ਜ਼ਿਲ੍ਹਾ ਵਾਸੀਆਂ ਦੀਆਂ ਕੀਤੀਆਂ ਕਾਰਗੁਜ਼ਾਰੀਆਂ ਦੀ ਸ਼ਲਾਘਾ ਵੀ ਕੀਤੀ ।

-----------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉੱਘੇ ਤਬਲਾ ਵਾਦਕ ਜ਼ਾਕਿਰ ਹੁਸੈਨ ਦੇ ਦੇਹਾਂਤ 'ਤੇ ਦੁੱਖ ਦਾ ਇਜ਼ਹਾਰ ਕੀਤਾ ਏ । ਜ਼ਿਕਰਯੋਗ ਏ ਕਿ

ਉਸਤਾਦ ਜ਼ਾਕਿਰ ਹੁਸੈਨ ਦਾ ਬੀਤੀ ਰਾਤ ਅਮਰੀਕਾ ਵਿੱਚ ਦੇਹਾਂਤ ਹੋ ਗਿਆ। ਪਰਿਵਾਰਕ ਸੂਤਰਾਂ ਨੇ ਦੱਸਿਆ ਕਿ ਉਹ, ਬਲੱਡ ਪ੍ਰੈਸ਼ਰ ਸੰਬੰਧੀ ਸਮੱਸਿਆਵਾਂ ਨਾਲ ਪੀੜਤ ਸਨ। ਇਸ ਤੋਂ ਪਹਿਲਾਂ ਜ਼ਾਕਿਰ ਹੁਸੈਨ ਨੂੰ ਦਿਲ ਦੀਆਂ ਸਮੱਸਿਆਵਾਂ ਤੋਂ ਬਾਅਦ, ਸੈਂਨ ਫਰਾਂਸਿਸਕੋ ਦੇ ਇੱਕ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਸੀ। ਉਸਤਾਦ ਜ਼ਾਕਿਰ ਹੁਸੈਨ ਦਾ ਜਨਮ 9 ਮਾਰਚ 1951 ਨੂੰ ਮੁੰਬਈ ਵਿੱਚ ਹੋਇਆ ਸੀ । ਪ੍ਰਸਿੱਧ ਤਬਲਾ ਵਾਦਕ ਅੱਲ੍ਹਾ ਰਾਖਾ ਦੇ ਵੱਡੇ ਪੁੱਤਰ ਹੋਣ ਦੇ ਨਾਤੇ, ਉਹ ਕੁਦਰਤੀ ਤੌਰ 'ਤੇ ਬਹੁਤ ਛੋਟੀ ਉਮਰ ਤੋਂ ਹੀ ਸੰਗੀਤ ਵੱਲ ਆਕਰਸ਼ਿਤ ਰਹੇ। ਛੇ ਦਹਾਕਿਆਂ ਦੇ ਇਸ ਸਫ਼ਰ ਵਿੱਚ, ਉਸਤਾਦ ਜ਼ਾਕਿਰ ਹੁਸੈਨ ਨੇ ਪੰਜ ਗ੍ਰੈਮੀ ਅਵਾਰਡ ਜਿੱਤੇ ਜਿਨ੍ਹਾਂ ਚੋਣ ਤਿੰਨ ਇਸ ਸਾਲ ਦੇ ਸ਼ੁਰੂ ਵਿੱਚ, 66ਵੇਂ ਗ੍ਰੈਮੀ ਅਵਾਰਡਾਂ ਵਿੱਚ ਲਏ । ਉਨ੍ਹਾਂ ਨੂੰ 1988 ਵਿੱਚ ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨਾਂ ਵਿੱਚੋਂ ਇੱਕ, ਪਦਮ ਸ੍ਰੀ, 2002 ਵਿੱਚ ਪਦਮ ਭੂਸ਼ਣ ਅਤੇ 2023 ਵਿੱਚ ਪਦਮ ਵਿਭੂਸ਼ਣ ਨਾਲ ਨਿਵਾਜ਼ਿਆ ਗਿਆ।

-----------------------------------------------------------------

ਪੰਜਾਬ ਸਰਕਾਰ ਸੂਬੇ ਵਿੱਚ ਪਹਿਲਾ ਬੁਟੀਕ ਹੋਟਲ, ਲੋਕ ਅਰਪਿਤ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਹੜੀ ਦੇ ਤਿਉਹਾਰ ਤੋਂ ਬਾਅਦ, ਪਟਿਆਲਾ ਦੇ ਕਿਲ੍ਹਾ ਮੁਬਾਰਕ ਵਿਖੇ ਬਣਾਇਆ ਗਿਆ, ਆਪਣੀ ਕਿਸਮ ਦਾ ਇਹ ਪਹਿਲਾ ਹੋਟਲ, ਲੋਕਾਂ ਨੂੰ ਸਮਰਪਿਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ। ਸੈਰ-ਸਪਾਟਾ ਅਤੇ ਸੱਭਿਆਚਾਰਕ ਪ੍ਰੋਮੋਸ਼ਨ ਬੋਰਡ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਤੇ ਨਿਜੀ ਭਾਵਲੀ ਦੀ ਤਰਜ਼ 'ਤੇ ਬਣਾਇਆ ਗਿਆ ਇਹ ਹੋਟਲ, ਸੁਹਜ-ਸੁੰਦਰਤਾ ਨਾਲ ਡਿਜ਼ਾਈਨ ਕੀਤਾ ਗਿਆ ਏ ਅਤੇ ਇਹ ਆਪਣੇ ਆਰਾਮ, ਮਹਿਮਾਨ ਨਿਵਾਜ਼ੀ ਅਤੇ ਸੁੰਦਰਤਾ ਨਾਲ ਨਵੇਂ ਮਾਪਦੰਡ ਸਥਾਪਤ ਕਰੇਗਾ। ਉਨ੍ਹਾਂ ਕਿਹਾ ਕਿ ਇਹ ਡੈਸਟੀਨੇਸ਼ਨ ਵੈਡਿੰਗ ਅਤੇ ਹੋਰ ਪ੍ਰੋਗਰਾਮਾਂ ਲਈ ਇੱਕ ਪਸੰਦੀਦਾ ਸਥਾਨ ਬਣ ਸਕਦਾ ਏ। ਉਨ੍ਹਾਂ ਕਿਹਾ ਕਿ ਇਹ ਹੋਟਲ, ਸੂਬੇ ਵਿੱਚ ਖਾਸ ਕਰਕੇ ਸ਼ਾਹੀ ਸ਼ਹਿਰ ਪਟਿਆਲਾ ਵਿੱਚ ਸੈਰ-ਸਪਾਟੇ ਨੂੰ ਉਤਸ਼ਾਹਿਤ ਦੇਵੇਗਾ। ਮੁੱਖ ਮੰਤਰੀ ਨੇ ਆਓਂਦੇ ਫਰਵਰੀ ਮਹੀਨੇ

ਵਿੱਚ, ਸੂਬੇ 'ਚ ਰੰਗਲਾ ਪੰਜਾਬ ਤਿਉਹਾਰ ਮਨਾਉਣ ਦੀ ਪ੍ਰਵਾਨਗੀ ਵੀ ਦੇ ਦਿੱਤੀ ਏ। ਉਨ੍ਹਾਂ ਕਿਹਾ ਕਿ ਇਸ ਤਿਉਹਾਰ ਦਾ ਮਕਸਦ, ਪੰਜਾਬ ਨੂੰ ਵਿਸ਼ਵ ਪੱਧਰ ‘ਤੇ ਸਭ ਤੋਂ ਵੱਧ ਪਸੰਦੀਦਾ ਸੈਰ-ਸਪਾਟਾ ਸਥਾਨ ਵਜੋਂ ਪੇਸ਼ ਕਰਨਾ ਏ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਇੱਕ ਅਮੀਰ ਅਤੇ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਦੇ ਨਾਲ-ਨਾਲ,ਖ਼ੂਬਸੂਰਤ ਥਾਵਾਂ ਨੇ, ਜੋ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰ ਸਕਦੀਆਂ ਨੇ। ਮੁੱਖ ਮੰਤਰੀ ਨੇ ਆਸ ਪ੍ਰਗਟਾਈ ਕਿ ਇਹ ਤਿਉਹਾਰ, ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਏਗਾ, ਕਿਉਂਕਿ ਇਹ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਕੇ, ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰੇਗਾ।

----------------------------------------------------------------

ਭਾਰਤੀ ਜਨਤਾ ਪਾਰਟੀ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ, ਪੰਜਾਬ ਨਗਰ ਨਿਗਮ ਚੋਣਾਂ ਲਈ ਨਾਮਜ਼ਦਗੀ ਪੱਤਰ ਭਰਨ ਦੌਰਾਨ, ਮਹਿਲਾ ਉਮੀਦਵਾਰਾਂ 'ਤੇ ਹੋਏ ਅੱਤਿਆਚਾਰ ਦੀ ਸਖ਼ਤ ਨਿਖੇਧੀ ਕਰਦਿਆਂ, ਕੌਮੀ ਮਹਿਲਾ ਕਮਿਸ਼ਨ ਨੂੰ ਤੁਰੰਤ ਦਖਲ ਦੇਣ ਅਤੇ ਇਨ੍ਹਾਂ

ਘਟਨਾਵਾਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ ਏ। ਕੌਮੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਨੂੰ ਲਿਖੇ ਇੱਕ ਪੱਤਰ ਵਿੱਚ, ਜੈ ਇੰਦਰ ਕੌਰ ਨੇ ਕਿਹਾ ਕੇ ਪੰਜਾਬ ਵਿੱਚ ਮਹਿਲਾ ਉਮੀਦਵਾਰਾਂ ਖਿਲਾਫ ਕਤੀਥ ਹਿੰਸਾ ਅਤੇ ਸੋਸ਼ਣ ਦੀਆਂ, ਹਾਲ ਹੀ ਦੀਆਂ ਘਟਨਾਵਾਂ ਡੂੰਘੀਆਂ ਪਰੇਸ਼ਾਨ ਕਰਨ ਵਾਲੀਆਂ ਅਤੇ ਅਸਵੀਕਾਰਨਯੋਗ ਨੇ। ਉਨ੍ਹਾਂ ਕਿਹਾ ਕਿ ਇਹ ਦੇਖ ਕੇ ਹੈਰਾਨੀ ਹੁੰਦੀ ਏ ਕਿ ਕਿਵੇਂ ਔਰਤਾਂ ਨੂੰ ਸਿਰਫ਼ ਆਪਣੇ ਅਧਿਕਾਰ ਦੀ ਵਰਤੋਂ ਕਰਨ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਹਿੱਸਾ ਲੈਣ ਲਈ ਨਿਸ਼ਾਨਾ ਬਣਾਇਆ ਗਿਆ ਅਤੇ ਡਰਾਇਆ ਜਾ ਰਿਹਾ ਏ। ਓਹਨਾ ਰਾਸ਼ਟਰੀ ਮਹਿਲਾ ਕਮਿਸ਼ਨ ਨੂੰ ਤੁਰੰਤ ਕਾਰਵਾਈ ਦੀ ਮੰਗ ਕਰਦਿਆਂ, ਇਹਨਾਂ ਘਟਨਾਵਾਂ ਦੀ ਜਾਂਚ ਕਰਨ ਲਈ ਇੱਕ ਤੱਥ ਖੋਜ ਟੀਮ ਗਠਿਤ ਕਰਨ, ਦੋਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਦੀ ਸਿਫ਼ਾਰਸ਼ ਕਰਨ, ਅਤੇ ਪੰਜਾਬ ਮਹਿਲਾ ਕਮਿਸ਼ਨ ਨੂੰ ਆਪਣੇ ਕਾਨੂੰਨੀ ਫਰਜ਼ਾਂ ਨੂੰ ਪੂਰਾ ਕਰਨ ਲਈ ਨਿਰਦੇਸ਼ ਦੇਣ ਦੀ ਬੇਨਤੀ ਕੀਤੀ ਏ।

--------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ

ਖੁੱਡੀਆਂ ਨੇ, “ਖੇਤੀ ਮੰਡੀਕਰਨ ਬਾਰੇ ਕੌਮੀ ਨੀਤੀ ਢਾਂਚੇ” ਦੇ ਖਰੜੇ ‘ਤੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਵਿਚਾਰ ਵਟਾਂਦਰਾ ਕਰਨ ਮਗਰੋਂ ਇਸ ਸਬੰਧੀ ਸਲਾਹ-ਮਸ਼ਵਰੇ ਅਤੇ ਚਰਚਾ ਲਈ, ਇਸੇ ਹਫ਼ਤੇ ਕਿਸਾਨਾਂ ਅਤੇ ਸਬੰਧਤ ਭਾਈਵਾਲਾਂ ਨਾਲ ਮੀਟਿੰਗ ਸੱਦਣ ਦਾ ਫੈਸਲਾ ਕੀਤਾ ਏ । ਚੰਡੀਗੜ੍ਹ ਵਿਚ ਗੁਰਮੀਤ ਸਿੰਘ ਖੁੱਡੀਆਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ, ਕਿਸਾਨਾਂ ਦੇ ਨੁਮਾਇੰਦਿਆਂ, ਖੇਤੀ ਮਾਹਿਰਾਂ ਅਤੇ ਹੋਰ ਭਾਈਵਾਲਾਂ ਨਾਲ ਤੁਰੰਤ ਮੀਟਿੰਗ ਬੁਲਾ ਕੇ, ਭਾਰਤ ਸਰਕਾਰ ਵੱਲੋਂ ਸਾਂਝੇ ਕੀਤੇ ਗਏ ਨੀਤੀ ਦੇ ਖਰੜੇ ਦਾ ਗੰਭੀਰਤਾ ਨਾਲ ਅਧਿਐਨ ਅਤੇ ਸਲਾਹ-ਮਸ਼ਵਰਾ ਕਰਨ ਲਈ ਕਿਹਾ ਏ । ਉਨ੍ਹਾਂ ਕਿਹਾ ਕਿ ਇਸ ਨੀਤੀ ਦੇ ਖਰੜੇ ਦਾ, ਡੂੰਘਾਈ ਨਾਲ ਅਧਿਐਨ ਕਰਨ ਅਤੇ ਸਬੰਧਤ ਭਾਈਵਾਲਾਂ ਨਾਲ ਸਲਾਹ ਮਸ਼ਵਰੇ ਦੀ ਲੋੜ ਏ ਕਿਉਂਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ, ਇਸਦੇ ਪੰਜਾਬ ਅਤੇ ਇਸ ਦੇ ਕਿਸਾਨਾਂ ਲਈ ਗੰਭੀਰ ਪ੍ਰਭਾਵ ਹੋ ਸਕਦੇ ਨੇ ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਨੀਤੀ ਦੇ ਖਰੜੇ ‘ਤੇ ਟਿੱਪਣੀਆਂ ਭੇਜਣ ਲਈ ਘੱਟੋ-ਘੱਟ ਤਿੰਨ ਹਫ਼ਤਿਆਂ ਦਾ ਸਮਾਂ ਦੇਣ ਵਾਸਤੇ ਉਪ ਖੇਤੀਬਾੜੀ ਮੰਡੀਕਰਨ ਸਲਾਹਕਾਰ ਅਤੇ ਖਰੜਾ

ਕਮੇਟੀ, ਭਾਰਤ ਸਰਕਾਰ ਦੇ ਕਨਵੀਨਰ ਡਾ. ਐੱਸ.ਕੇ. ਸਿੰਘ ਨੂੰ ਪਹਿਲਾਂ ਹੀ ਪੱਤਰ ਭੇਜਿਆ ਜਾ ਚੁੱਕਾ ਏ।

----------------------------------------------------

ਮੌਸਮ ਵਿਭਾਗ ਨੇ ਕਿਹਾ ਏ, ਪੰਜਾਬ, ਹਰਿਆਣਾ,ਅਤੇ ਚੰਡੀਗੜ੍ਹ, ਵਿਚ ਆਉਂਦੇ ਕੁਝ ਦਿਨਾਂ ਤਕ ਮੌਸਮ ਆਮ ਤੌਰ ਤੇ ਸਾਫ ਰਹੇਗਾ, ਪਰ ਕੜਾਕੇ ਦੀ ਠੰਡ ਜਾਰੀ ਏ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ।

----------------------------------------------------

ਬ੍ਰਿਸਬੇਨ ਦੇ ਗਾਬਾ 'ਚ ਖੇਡੇ ਜਾ ਰਹੇ ਬਾਰਡਰ-ਗਾਵਸਕਰ ਟਰਾਫੀ ਦੇ ਤੀਜੇ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਖਤਮ ਹੋਣ ਤੱਕ, ਭਾਰਤ ਨੇ ਆਸਟ੍ਰੇਲੀਆ ਖਿਲਾਫ ਆਪਣੀ ਪਹਿਲੀ ਪਾਰੀ 'ਚ, ਚਾਰ ਵਿਕਟਾਂ 'ਤੇ 51 ਦੌੜਾਂ ਬਣਾ ਲਈਆਂ ਸਨ। ਅੱਜ ਦਾ ਮੈਚ ਮੀਂਹ ਕਾਰਨ ਕਈ ਵਾਰ ਰੋਕਣਾ ਪਿਆ। ਭਾਰਤੀ ਟੀਮ, ਪਹਿਲੀ ਪਾਰੀ ਦੇ ਆਧਾਰ 'ਤੇ ਮੇਜ਼ਬਾਨ ਟੀਮ ਤੋਂ 394 ਦੌੜਾਂ ਪਿੱਛੇ ਏ। ਖੇਡ ਖਤਮ ਹੋਣ 'ਤੇ ਕੇ.ਐੱਲ. ਰਾਹੁਲ 33 ਦੌੜਾਂ ਬਣਾ ਕੇ ਬੱਲੇਬਾਜ਼ੀ ਕਰ ਰਹੇ ਸਨ ਜਦਕਿ ਕਪਤਾਨ

ਰੋਹਿਤ ਸ਼ਰਮਾ ਬਿਨਾਂ ਕੋਈ ਰਨ ਬਣਾਏ ਕ੍ਰੀਜ਼ 'ਤੇ ਮੌਜੂਦ ਸਨ। ਇਸ ਤੋਂ ਪਹਿਲਾਂ ਆਸਟ੍ਰੇਲੀਆ ਆਪਣੀ ਪਹਿਲੀ ਪਾਰੀ 'ਚ 445 ਦੌੜਾਂ 'ਤੇ ਆਲ ਆਊਟ ਹੋ ਗਈ ਸੀ। ਭਾਰਤੀ ਤੇਜ਼ ਗੇਂਦਬਾਜ਼ ਜਸਪ੍ਰੀਤ ਬੁਮਰਾਹ ਨੇ 6 ਅਤੇ ਸਿਰਾਜ ਨੇ 2 ਵਿਕਟਾਂ ਲਈਆਂ ਜਦਕਿ ਨਿਤੀਸ਼ ਰੈੱਡੀ ਅਤੇ ਆਕਾਸ਼ਦੀਪ ਨੇ ਇਕ-ਇਕ ਵਿਕਟ ਲਈ।

---

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਇਕੇ ਦਰਮਿਆਨ ਨਵੀਂ ਦਿੱਲੀ ਵਿੱਚ ਦੁਵੱਲੀ ਗੱਲਬਾਤ ਤੋਂ ਬਾਅਦ ਸਮਝੌਤਿਆਂ ਦਾ ਆਦਾਨ-ਪ੍ਰਦਾਨ ਕੀਤਾ ਗਿਆ।
- ਦੇਸ਼ ਅੱਜ, 1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ, ਵਿਜੇ ਦਿਵਸ ਮੌਕੇ ਆਪਣੇ ਬਹਾਦਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ।

- ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਉੱਘੇ ਤਬਲਾ ਵਾਦਕ ਜ਼ਾਕਿਰ ਹੁਸੈਨ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਟਿਆਲਾ ਵਿਖੇ ਬਣੇ, ਆਪਣੀ ਕਿਸਮ ਦੇ ਪਹਿਲੇ ਬੁਟੀਕ ਹੋਟਲ ਨੂੰ ਲੋਕ ਅਰਪਿਤ ਕਰਨ ਦੀ ਦਿੱਤੀ ਪ੍ਰਵਾਨਗੀ।
- ਬਾਰਡਰ-ਗਾਵਸਕਰ ਟਰਾਫੀ ਦੇ ਤੀਜੇ ਦਿਨ ਦੀ ਖੇਡ ਖਤਮ ਹੋਣ ਤੱਕ, ਭਾਰਤ ਨੇ ਆਸਟ੍ਰੇਲੀਆ ਖਿਲਾਫ ਪਹਿਲੀ ਪਾਰੀ 'ਚ, ਚਾਰ ਵਿਕਟਾਂ 'ਤੇ 51 ਦੌੜਾਂ ਬਣਾਈਆਂ।